## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਫੇਜ਼-8, ਐਸ.ਏ.ਐਸ.ਨਗਰ।

ਹੁਕਮ ਨੰ: 6/66-14 ਅ-2 (5)/ ਕੋ:ਸੈਲ (3)
ਮਿਤੀ, ਐਸ.ਏ.ਐਸ.ਨਗਰ :- 16-06-16

ਸ਼੍ਰੀਮਤੀ ਨਵਨੀਤ ਕੌਰ, ਸਾਇੰਸ ਮਿਸਟ੍ਰੈਸ, ਸਰਕਾਰੀ ਹਾਈ ਸਕੂਲ, ਨਰੜੂ, ਜ਼ਿਲ੍ਹਾ ਪਟਿਆਲਾ ਜੋ ਮਿਤੀ 10-07-1998 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ, ਨੂੰ ਇਸ ਦਫਤਰ ਦੇ ਹੁਕਮ ਨੰ: 6/14-02 ਅ-2 (2) ਮਿਤੀ 09.08.02/24.09.02 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵੱਲੀ 1970 ਦੀ ਧਾਰਾ 8 ਅਧੀਨ ਦੋਸ ਸੂਚੀ ਜਾਰੀ ਕੀਤੀ ਗਈ ਸੀ।

ਸ਼੍ਰੀਮਤੀ ਨਵਨੀਤ ਕੌਰ, ਸਾਇੰਸ ਮਿਸਟ੍ਰੈਸ, ਸਰਕਾਰੀ ਹਾਈ ਸਕੂਲ, ਨਰੜੂ, ਜ਼ਿਲ੍ਹਾ ਪਟਿਆਲਾ ਵੱਲੋ ਦੋਸ਼ ਸੂਚੀ ਦੇ ਵਿਰੁੱਧ ਕੋਈ ਲਿਖਤੀ ਜਾਂ ਜੁਬਾਨੀ ਉੱਤਰ ਨਹੀਂ ਦਿਤਾ ਗਿਆ ।

ਮਾਨਯੋਗ ਸੁਪਰੀਮ ਕੋਰਟ ਆਫ ਇੰਡੀਆ ਵੱਲੋਂ ਵੱਖ-ਵੱਖ ਸਮੇਂ ਤੇ ਦਿੱਤੀਆਂ ਜੱਜਮੈਂਟਸ ਰਾਹੀਂ ਅਜਿਹੀ ਲੰਬੀ ਗੈਰ ਹਾਜ਼ਰੀ ਵਿੱਚ ਕਰਮਚਾਰੀ ਦੀ ਨੌਕਰੀ ਤੋਂ abandonment ਸਮਝ ਕੇ ਬਿਨਾਂ ਕਿਸੇ further notice ਜਾਂ ਇਨਕੁਆਰੀ ਦੇ ਉਸ ਦੀਆਂ ਸੇਵਾਵਾਂ ਖਤਮ ਕਰਨ ਨੂੰ ਜਾਇਜ਼ ਠਹਿਰਾਇਆ ਹੈ।

ਮਾਨਯੋਗ ਸੁਪਰੀਮ ਕੋਰਟ ਵੱਲੋਂ Jeewan Lal Ltd. Calcutta Vs its Workmen AIR 1961 SC 1567 and Shahoordual Vs. Registrar Cooperative Societies, Bihar AIR 1974 SC 1896 ਵਿੱਚੇ ਹੇਠ ਲਿਖੇ ਅਨੁਸਾਰ ਫੇਸਲਾ ਕੀਤਾ ਹੈ:-

"Hon'ble Supreme Court held that in such a case, long unauthorized absence may reasonably give rise to an inference that such service is intended to be abandoned by the employee being a case of abandonment of service, no notice/inquiry is required"

ਮਾਨਯੋਗ ਸੁਪਰੀਮ ਕੋਰਟ ਦੇ ਉਕਤ ਫੈਸਲੇ ਦੇ ਮੱਦੇਨਜ਼ਰ ਸਪਸ਼ਟ ਹੈ ਕਿ ਜੇਕਰ ਕੋਈ ਕਰਮਚਾਰੀ(ਸਰਕਾਰੀ ਜਾਂ ਗੈਰ ਸਰਕਾਰੀ) ਵਿਭਾਗ ਨੂੰ ਬਿਨਾਂ ਦੱਸੇ ਜਾਂ ਪ੍ਰਵਾਨਤ ਛੁੱਟੀ ਦਾ ਸਮਾਂ ਬੀਤਣ ਉਪਰੰਤ ਲੰਮਾ ਸਮਾਂ ਗੈਰ ਹਾਜਰ ਰਹਿੰਦਾ ਹੈ ਭਾਵ ਉਹ ਵਿਭਾਗ ਨੂੰ abandon ਕਰ ਗਿਆ ਹੈ ਤਾਂ ਸਮਰੱਥ ਅਧਿਕਾਰੀ ਅਜਿਹੇ ਕਰਮਚਾਰੀ ਸਬੰਧੀ ਕਾਰਨ ਰਿਕਾਰਡ ਕਰਨ ਉਪਰੰਤ ਬਿਨਾਂ ਕਿਸੇ ਇਨਕੁਆਰੀ ਕੰਡਕਟ ਕਰਨ ਦੇ ਉਸਦੀ ਸੇਵਾਵਾਂ ਸਮਾਪਤ ਕੀਤੀਆਂ ਜਾ ਸਕਦੀਆਂ ਹਨ।

ਫਿਰ ਵੀ ਕੁਦਰਤੀ ਨਿਯਾਂ ਨੂੰ ਮੁੱਖ ਰੱਖਦੇ ਹੋਏ ਡਿਊਟੀ ਤੋਂ ਲਗਾਤਾਰ ਅਣਅਧਿਕਾਰਤ ਤੌਰ ਤੇ ਗੈਰਹਾਜ਼ਰ ਰਹਿਣ ਵਾਲੇ ਕਰਮਚਾਰੀਆਂ ਲਈ ਇਕ ਸਾਂਝਾ ਇਸ਼ਤਿਹਾਰ ਦੋ ਉਘੇ ਅਖਬਾਰਾਂ ਵਿੱਚ ਦਿੱਤਾ ਗਿਆ ਜਿਸ ਵਿੱਚ ਲੜੀ ਨੰ:2 ਤੇ ਇਸ ਕਰਮਚਾਰਨ ਦਾ ਨਾਂ ਵੀ ਸਾਮਲ ਸੀ। ਇਹ ਇਸ਼ਤਿਹਾਰ ਮਿਤੀ 20-06-14 ਦੇ ਡੇਲੀ ਅਵਾਜ ਅਤੇ ਜਗਬਾਣੀ ਵਿਚ ਛਪਿਆ ਸੀ ਜਿਸ ਵਿਚ ਲਿਖਿਆ ਗਿਆ ਸੀ ਕਿ "ਜੇਕਰ ਸਬੰਧਤ ਕਰਮਚਾਰਨ ਗੈਰ ਹਾਜਰੀ ਦੇ ਸਬੰਧ ਵਿੱਚ ਆਪਣੇ ਪੱਖ ਵਿਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ ਨੋਟਿਸ ਛੱਪਣ ਦੇ 21 ਦਿਨਾਂ ਦੇ ਅੰਦਰ ਅੰਦਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਸਾਹਮਣੇ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕਰ । ਅਜਿਹਾ ਨਾ ਕਰਨ ਦੀ ਸੂਰਤ ਵਿੱਚ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁਝ ਨਹੀਂ ਕਹਿਣਾ ਚਾਹੁੰਦੀ ਅਤੇ ਆਪਣੇ ਉਪਰ ਲੱਗੇ ਦੋਸ਼ਾਂ ਨੂੰ ਮੰਨਦੀ ਹੈ।" ਇਸ ਨੋਟਿਸ ਦੇ ਸਨਮੁੱਖ ਕਰਮਚਾਰਨ ਵੱਲੋਂ ਨਾ ਤਾਂ ਕੋਈ ਉਤਰ ਦਿੱਤਾ ਗਿਆ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ ਗਿਆ। ਇਸ ਤੋ ਸਪਸ਼ਟ ਹੈ ਕਿ ਇਹ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿਚ ਦਿਲਚਸਪੀ ਨਹੀ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਰੂਲਜ਼ 13 (ii) ਦੀਆਂ ਪ੍ਰੋਵੀਜ਼ਨਜ਼ ਦੇ ਸਨਮੁੱਖ ਵੀ ਸਪਸ਼ਟ ਹੈ ਕਿ ਇਸ ਸਟੇਜ ਤੇ ਕੋਈ further ਇਨਕੁਆਰੀ reasonably practicable ਨਹੀਂ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਮਾਨਯੋਗ ਸੁਪਰੀਮ ਕੋਰਟ ਆਫ ਇੰਡੀਆ ਵੱਲੋਂ ਦਿੱਤੇ ਉਕਤ ਫੈਸਲੇ ਅਤੇ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਰੂਲਜ਼ 13 (ii) ਦੀ ਰੋਸ਼ਨੀ ਵਿੱਚ ਸ਼੍ਰੀਮਤੀ ਨਵਨੀਤ ਕੌਰ, ਸਾਇੰਸ ਮਿਸਟ੍ਰੈਸ, ਸਰਕਾਰੀ ਹਾਈ ਸਕੂਲ, ਨਰੜੂ, ਜ਼ਿਲ੍ਹਾ ਪਟਿਆਲਾ ਦੇ ਅਣ-ਅਧਿਕਾਰਤ ਤੌਰ ਤੇ ਮਿਤੀ 10-07-1998 ਤੋ ਹੁਣ ਤੱਕ ਲਗਾਤਾਰ ਸਰਕਾਰੀ ਡਿਊਟੀ ਤੋਂ ਜਾਣਬੁਝ ਕੇ ਗੈਰ ਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (viii) ਅਧੀਨ ਉਸ ਦੀਆ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ।

ਪਿਠ ਅੰਕਣ ਨੰ: ਉਕਤ/ 11036-39 ਮਿਤੀ, ਐਸ.ਏ.ਐਸ.ਨਗਰ : 12/7/16

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਨਾਭਾ।
2. ਜਿਲਾ ਸਿੱਖਿਆ ਅਫਸਰ (ਸੈ:ਸਿ), ਪਟਿਆਲਾ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ। (ਰਜਿ)
3. ਪ੍ਰਿੰਸੀਪਲ/ਮੁੱਖਅਧਿਆਪਕ, ਸਰਕਾਰੀ ਹਾਈ ਸਕੂਲ, ਨਰੜੂ, ਜ਼ਿਲ੍ਹਾ ਪਟਿਆਲਾ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ। ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਵੀ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ।
4. ਸ਼੍ਰੀਮਤੀ ਨਵਨੀਤ ਕੌਰ, ਸਾਇੰਸ ਮਿਸਟ੍ਰੈਸ, ਸਰਕਾਰੀ ਹਾਈ ਸਕੂਲ, ਨਰੜੂ, ਜ਼ਿਲ੍ਹਾ ਪਟਿਆਲਾ।

ਸੁਪਰਡੰਟ ਕੋਆਰਡੀਨੇਸਨ ਸੈਲ